# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਸਰਕਾਰੀ ਡਾਇਰੈਕਟਰੀ ਬੰਦ ਕਰਨ ਦਾ ਮੁੱਦਾ ਭਖਿਆ

### ਐਮਐਲਏ ਮਨਦੀਪ ਧਾਲੀਵਾਲ ਵੱਲੋਂ ਲੋਕਾਂ ਨੂੰ ਵਿਰੋਧ ਦਰਜ ਕਰਵਾਉਣ ਦੀ ਅਪੀਲ"

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 30 ਅਗਸਤ : ਬ੍ਰਿਟਿਸ਼ ਕੋਲੰਬੀਆ ਸਰਕਾਰ ਵੱਲੋਂ ਸਰਕਾਰੀ ਮੁਲਾਜ਼ਮਾਂ ਦੀ ਆਨਲਾਈਨ ਡਾਇਰੈਕਟਰੀ ਤੱਕ ਜਨਤਕ ਪਹੁੰਚ ਖਤਮ ਕੀਤੇ ਜਾਣ ਦੇ ਫੈਸਲੇ ਨੂੰ ਲੈ ਕੇ ਸਿਆਸੀ ਅਤੇ ਜਨਤਕ ਪੱਧਰ 'ਤੇ ਚਰਚਾ ਤੇਜ਼ ਹੋ ਗਈ ਹੈ। ਸਰੀ ਨੌਰਥ ਤੋਂ ਬੀ.ਸੀ. ਕੰਜ਼ਰਵੇਟਿਵ ਪਾਰਟੀ ਦੇ ਐਮਐਲਏ ਮਨਦੀਪ ਧਾਲੀਵਾਲ ਨੇ ਇਸ ਫੈਸਲੇ ਦਾ ਵਿਰੋਧ ਕਰਦਿਆਂ ਲੋਕਾਂ ਨੂੰ ਇਸ ਮੁੱਦੇ 'ਤੇ ਆਪਣਾ ਵਿਰੋਧ ਦਰਜ ਕਰਵਾਉਣ ਦੀ ਅਪੀਲ ਕੀਤੀ ਹੈ।

ਸ. ਧਾਲੀਵਾਲ ਵੱਲੋਂ ਨੇ ਕਿਹਾ ਹੈ ਕਿ ਸਰਕਾਰੀ ਡਾਇਰੈਕਟਰੀ ਦਹਾਕਿਆਂ ਤੋਂ ਬ੍ਰਿਟਿਸ਼ ਕੋਲੰਬੀਆ ਦੇ ਲੋਕਾਂ ਲਈ ਸਰਕਾਰੀ ਵਿਭਾਗਾਂ ਅਤੇ ਅਧਿਕਾਰੀਆਂ ਤੱਕ ਪਹੁੰਚ ਬਣਾਉਣ ਦਾ ਇੱਕ ਮਹੱਤਵਪੂਰਨ ਸਾਧਨ ਰਹੀ ਹੈ। ਇਸ ਰਾਹੀਂ ਲੋਕ ਆਪਣੇ ਮਸਲਿਆਂ ਨਾਲ ਸਬੰਧਤ ਅਧਿਕਾਰੀ ਜਾਂ ਵਿਭਾਗ ਲੱਭ ਕੇ ਸਿੱਧਾ ਸੰਪਰਕ ਕਰ ਸਕਦੇ ਸਨ। ਪਰ 18 ਅਗਸਤ 2026 ਤੋਂ ਸਰਕਾਰ ਨੇ ਇਸ ਡਾਇਰੈਕਟਰੀ ਤੱਕ ਜਨਤਕ ਪਹੁੰਚ ਬੰਦ ਕਰ ਦਿੱਤੀ ਹੈ। ਇਹ ਡਾਇਰੈਕਟਰੀ 1930 ਦੇ ਦਹਾਕੇ ਤੋਂ ਮੌਜੂਦ ਰਹੀ ਹੈ ਅਤੇ ਇਸ ਵਿੱਚ ਸਰਕਾਰੀ ਕਰਮਚਾਰੀਆਂ ਦੇ ਨਾਮ, ਵਿਭਾਗ, ਕੰਮਕਾਜੀ ਫੋਨ ਨੰਬਰ ਅਤੇ ਈਮੇਲ ਪਤੇ ਵਰਗੀ ਜਾਣਕਾਰੀ ਉਪਲਬਧ ਹੁੰਦੀ ਸੀ।

ਬੀ.ਸੀ. ਸਰਕਾਰ ਨੇ ਇਹ ਕਦਮ ਸਾਈਬਰ ਸੁਰੱਖਿਆ ਅਤੇ ਸਰਕਾਰੀ ਕਰਮਚਾਰੀਆਂ ਦੀ ਨਿੱਜਤਾ ਨਾਲ ਜੁੜੇ ਖਤਰਿਆਂ ਦਾ ਹਵਾਲਾ ਦਿੰਦਿਆਂ ਚੁੱਕਿਆ ਹੈ। ਸਰਕਾਰ ਦਾ ਕਹਿਣਾ ਹੈ ਕਿ ਸਾਈਬਰ ਹਮਲਿਆਂ ਦੀ ਗਿਣਤੀ ਵਧ ਰਹੀ ਹੈ ਅਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਦੇ ਵਧਦੇ ਇਸਤੇਮਾਲ ਨਾਲ ਜਨਤਕ ਤੌਰ 'ਤੇ ਉਪਲਬਧ ਜਾਣਕਾਰੀ ਨੂੰ ਇਕੱਠਾ ਕਰਕੇ ਨਿਸ਼ਾਨਾਬੱਧ ਹਮਲੇ ਕਰਨਾ ਹੋਰ ਆਸਾਨ ਹੋ ਗਿਆ ਹੈ। ਸਰਕਾਰ ਨੇ ਇਹ ਵੀ ਕਿਹਾ ਹੈ ਕਿ ਉਹ ਇੱਕ ਨਵਾਂ ਡਾਇਰੈਕਟਰੀ ਪੇਜ ਤਿਆਰ ਕਰੇਗੀ, ਜਿਸ ਵਿੱਚ ਸੀਨੀਅਰ ਅਧਿਕਾਰੀਆਂ ਅਤੇ ਸਰਕਾਰੀ ਮੰਤਰਾਲਿਆਂ ਦੇ ਸੰਪਰਕ ਵੇਰਵੇ ਉਪਲਬਧ ਕਰਵਾਏ ਜਾਣਗੇ।

ਦੂਜੇ ਪਾਸੇ ਐਮਐਲਏ ਮਨਦੀਪ ਧਾਲੀਵਾਲ ਦਾ ਮੰਨਣਾ ਹੈ ਕਿ ਸਰਕਾਰੀ ਕਰਮਚਾਰੀਆਂ ਦੀ ਨਿੱਜਤਾ ਦੀ ਰੱਖਿਆ ਅਤੇ ਲੋਕਾਂ ਦੀ ਸਰਕਾਰ ਤੱਕ ਸਿੱਧੀ ਪਹੁੰਚ, ਦੋਵੇਂ ਪੱਖਾਂ ਵਿਚਕਾਰ ਸੰਤੁਲਨ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਹੈ ਕਿ ਸਰਕਾਰੀ ਸੇਵਾਵਾਂ ਅਤੇ ਲੋਕਾਂ ਵਿਚਕਾਰ ਸਿੱਧੇ ਸੰਪਰਕ ਦੇ ਰਸਤੇ ਬੰਦ ਕਰਨਾ ਸਵੀਕਾਰਯੋਗ ਨਹੀਂ ਹੈ। ਧਾਲੀਵਾਲ ਨੇ ਲੋਕਾਂ ਨੂੰ ਇਸ ਮੁੱਦੇ 'ਤੇ ਇਕੱਠੇ ਹੋ ਕੇ ਸਰਕਾਰ ਨੂੰ ਆਪਣਾ ਇਤਰਾਜ਼ ਦੱਸਣ ਅਤੇ ਜਨਤਕ ਪਹੁੰਚ ਤੇ ਜਵਾਬਦੇਹੀ ਨੂੰ ਕਾਇਮ ਰੱਖਣ ਲਈ ਆਵਾਜ਼ ਉਠਾਉਣ ਦੀ ਅਪੀਲ ਕੀਤੀ ਹੈ।

ਇਸੇ ਦੌਰਾਨ ਬੀ.ਸੀ. ਦੇ ਇਨਫਰਮੇਸ਼ਨ ਐਂਡ ਪ੍ਰਾਈਵੇਸੀ ਕਮਿਸ਼ਨਰ ਦੇ ਦਫ਼ਤਰ ਨੇ ਵੀ ਸਰਕਾਰ ਵੱਲੋਂ ਡਾਇਰੈਕਟਰੀ ਹਟਾਉਣ ਦੇ ਫੈਸਲੇ ਦੀ ਸਮੀਖਿਆ ਸ਼ੁਰੂ ਕਰ ਦਿੱਤੀ ਹੈ। ਕਮਿਸ਼ਨਰ ਮਾਈਕਲ ਹਾਰਵੇ ਨੇ ਕਿਹਾ ਹੈ ਕਿ ਸਾਈਬਰ ਸੁਰੱਖਿਆ ਦੇ ਖਤਰੇ ਗੰਭੀਰ ਹਨ ਪਰ ਜਨਤਾ ਲਈ ਕੋਈ ਕਾਰਗਰ ਬਦਲ ਮੁਹੱਈਆ ਕਰਵਾਏ ਬਿਨਾਂ ਡਾਇਰੈਕਟਰੀ ਹਟਾਉਣਾ ਪਾਰਦਰਸ਼ਤਾ ਸਬੰਧੀ ਮਹੱਤਵਪੂਰਨ ਸਵਾਲ ਖੜ੍ਹੇ ਕਰਦਾ ਹੈ।

## 'ਮਿਸ਼ਨ ਕਲੀਨ ਪੰਜਾਬ' ਤਹਿਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਨਗਰ ਕੌਂਸਲ ਅਧਿਕਾਰੀਆਂ ਨਾਲ ਮਿਲ ਕੇ ਚਲਾਈ ਵਿਸ਼ੇਸ਼ ਸਫ਼ਾਈ ਮੁਹਿੰਮ

### 'ਸਾਫ਼ ਤੇ ਸੋਹਣੇ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨਾ ਸਾਡੀ ਸਭ ਦੀ ਸਾਂਝੀ ਜ਼ਿੰਮੇਵਾਰੀ: ਹਡਾਣਾ

ਵਰਲਡ ਪੰਜਾਬੀ ਟਾਈਮਜ਼



ਸਨੌਰ, 30 ਅਗਸਤ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਸਨੌਰ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਨਗਰ ਕੌਂਸਲ ਸਨੌਰ ਦੇ ਅਧਿਕਾਰੀਆਂ, ਸਫ਼ਾਈ ਕਰਮਚਾਰੀਆਂ ਅਤੇ ਵਲੰਟੀਅਰਾਂ ਨਾਲ ਮਿਲ ਕੇ ਸ਼ਹਿਰ ਵਿੱਚ ਵਿਸ਼ੇਸ਼ ਸਫ਼ਾਈ ਅਭਿਆਨ ਚਲਾਇਆ। ਇਸ ਮੌਕੇ ਉਨ੍ਹਾਂ ਖੁਦ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈ ਕੇ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਸੁੰਦਰ ਰੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਉਨ੍ਹਾਂ ਨਾਲ ਲਖਵੀਰ ਸਿੰਘ ਕਾਰਜ ਸਾਧਕ ਅਫਸਰ, ਯੁਵਰਾਜ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਕੌਂਸਲਰ, ਵਿਕਾਸ ਅਟਵਾਲ ਕੌਂਸਲਰ, ਮਨਮੀਤ ਸਿੰਘ ਮੁੰਨਾ ਆਪ ਆਗੂ, ਬੱਬੂ ਆਪ ਆਗੂ, ਨੰਦ ਲਾਲ ਪ੍ਰਧਾਨ ਸਫਾਈ ਸੇਵਕ ਯੂਨੀਅਨ, ਹੋਰ ਸੀਨੀਅਰ 'ਆਪ' ਆਗੂ, ਸਫ਼ਾਈ ਸੇਵਕ ਅਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ, "ਭਗਵੰਤ ਮਾਨ ਸਰਕਾਰ ਵੱਲੋਂ ਚਲਾਇਆ ਜਾ ਰਿਹਾ 'ਮਿਸ਼ਨ ਕਲੀਨ ਪੰਜਾਬ' ਇੱਕ ਨਰੋਏ, ਤੰਦਰੁਸਤ ਅਤੇ ਪ੍ਰਦੂਸ਼ਣ-ਮੁਕਤ ਪੰਜਾਬ ਦੀ ਸਿਰਜਣਾ ਵੱਲ ਇਤਿਹਾਸਕ ਕਦਮ ਹੈ। ਸ਼ਹਿਰਾਂ ਅਤੇ ਪਿੰਡਾਂ ਨੂੰ ਸਾਫ਼-ਸੁਥਰਾ ਬਣਾਉਣਾ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਦਾ ਹੀ ਕੰਮ ਨਹੀਂ, ਸਗੋਂ ਇਹ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਅਤੇ ਸਾਂਝੀ ਜ਼ਿੰਮੇਵਾਰੀ ਹੈ।"

ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਇਸ 10 ਰੋਜ਼ਾ ਵਿਸ਼ੇਸ਼ ਅਭਿਆਨ ਦੌਰਾਨ ਸ਼ਹਿਰ ਦੇ ਮੁੱਖ ਰਸਤਿਆਂ, ਵਾਰਡਾਂ, ਕੂੜੇ ਵਾਲੀਆਂ ਥਾਵਾਂ ਅਤੇ ਜਨਤਕ ਥਾਵਾਂ ਦੀ ਗੰਭੀਰਤਾ ਨਾਲ ਸਫ਼ਾਈ ਕੀਤੀ ਜਾ ਰਹੀ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਤੇ ਦੁਕਾਨਾਂ ਦਾ ਗਿੱਲਾ ਅਤੇ ਸੁੱਕਾ ਕੂੜਾ ਵੱਖਰਾ ਕਰਕੇ ਹੀ ਸਫ਼ਾਈ ਸੇਵਕਾਂ ਨੂੰ ਦੇਣ ਅਤੇ ਖੁੱਲ੍ਹੇ ਵਿੱਚ ਕੂੜਾ ਸੁੱਟਣ ਤੋਂ ਗੁਰੇਜ਼ ਕਰਨ।

ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਸਮਰਪਿਤ ਸਫ਼ਾਈ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਨੂੰ ਸਫ਼ਾਈ ਪੱਖੋਂ ਮੋਹਰੀ ਬਣਾਉਣ ਲਈ ਲਗਾਤਾਰ ਠੋਸ ਯਤਨ ਜਾਰੀ ਰਹਿਣਗੇ। ਫੋਟੋ – ਸਫਾਈ ਅਭਿਆਨ ਦੌਰਾਨ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਤੇ ਹੋਰ

## ਨਰਿੰਦਰ ਮੋਦੀ ਜੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਦੇ 137ਵੇਂ ਐਪੀਸੋਡ ਨੂੰ ਸੁਣਨ ਲਈ ਪ੍ਰੋਗਰਾਮ ਦਾ ਆਯੋਜਨ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 30 ਅਗਸਤ : ਭਾਰਤੀ ਜਨਤਾ ਪਾਰਟੀ ਫਰੀਦਕੋਟ ਦੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਸੰਨੀ ਬਰਾੜ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਲ ਦਿਹਾਤੀ ਦੁੱਧਾਧਾਰੀ ਡੇਰਾ, ਹਰੀਨੌ ਰੋਡ ਕੋਟਕਪੂਰਾ ਵਿਖੇ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੇ ਪ੍ਰਸਿੱਧ ਰੇਡੀਓ ਪ੍ਰੋਗਰਾਮ 'ਮਨ ਕੀ ਬਾਤ' ਦੇ 137ਵੇਂ ਐਪੀਸੋਡ ਨੂੰ ਸੁਣਨ ਲਈ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੀ ਸੰਯੁਕਤ ਅਗਵਾਈ ਜ਼ਿਲ੍ਹਾ ਵਾਈਸ ਪ੍ਰਧਾਨ ਸ਼੍ਰੀ ਰਾਜਨ ਨਾਰੰਗ ਜੀ ਅਤੇ ਸ਼੍ਰੀ ਵਨੀਤ ਮਿੱਤਲ (ਚੰਦ ਸਿੰਘ ਪੱਪੀ ਜੀ) ਵੱਲੋਂ ਕੀਤੀ ਗਈ। ਪ੍ਰੋਗਰਾਮ ਦੌਰਾਨ ਭਾਜਪਾ ਵਰਕਰਾਂ ਤੋਂ ਇਲਾਵਾ ਇਲਾਕੇ ਦੇ ਆਮ ਲੋਕਾਂ ਨੇ ਬਹੁਤ ਹੀ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪਾਰਟੀ ਆਗੂਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦਾ 'ਮਨ ਕੀ ਬਾਤ' ਪ੍ਰੋਗਰਾਮ ਮਹਿਜ਼ ਇੱਕ ਰੇਡੀਓ ਸ਼ੋਅ ਨਹੀਂ ਹੈ, ਸਗੋਂ ਇਹ ਦੇਸ਼ ਦੇ ਆਮ ਨਾਗਰਿਕਾਂ ਦੀਆਂ ਪ੍ਰੇਰਨਾਦਾਇਕ ਕਹਾਣੀਆਂ, ਸਮਾਜਿਕ ਸੁਧਾਰਾਂ ਅਤੇ ਦੇਸ਼ ਦੇ ਵਿਕਾਸ ਨਾਲ ਜੁੜਿਆ ਇੱਕ ਜਨ-ਅੰਦੋਲਨ ਬਣ ਚੁੱਕਾ ਹੈ। ਪ੍ਰੋਗਰਾਮ ਦੌਰਾਨ ਹਾਜ਼ਰ ਲੋਕਾਂ ਵਿੱਚ ਪ੍ਰਧਾਨ ਮੰਤਰੀ ਜੀ ਦੇ ਵਿਚਾਰਾਂ ਨੂੰ ਸੁਣਨ ਲਈ ਅਥਾਹ ਉਤਸ਼ਾਹ ਦੇਖਣ ਨੂੰ ਮਿਲਿਆ।

ਆਗੂਆਂ ਨੇ ਅੱਗੇ ਦੱਸਿਆ ਕਿ ਪ੍ਰਧਾਨ ਮੰਤਰੀ ਜੀ ਵੱਲੋਂ ਦਿੱਤੇ ਗਏ ਸੰਦੇਸ਼ ਸਮਾਜ ਵਿੱਚ ਸਕਾਰਾਤਮਕ ਊਰਜਾ ਭਰਦੇ ਹਨ ਅਤੇ ਹਰ ਵਰਗ ਨੂੰ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਦੇ ਹਨ। ਇਸ ਪ੍ਰੋਗਰਾਮ ਦੌਰਾਨ ਸਰਕਲ ਦੇ ਸੀਨੀਅਰ ਆਗੂ, ਅਹੁਦੇਦਾਰ, ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਅਤੇ ਨਗਰ ਨਿਵਾਸੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ਮਿਸ਼ਨ ਕਲੀਨ ਪੰਜਾਬ ਤਹਿਤ ਘਨੌਰ ਬੱਸ ਸਟੈਂਡ ਤੋਂ ਸ਼ੁਰੂ ਕੀਤੀ ਕੂੜਾ ਸਫਾਈ ਮੁਹਿੰਮ

### ਹਰ ਨਾਗਰਿਕ ਸਫ਼ਾਈ ਮੁਹਿੰਮ 'ਚ ਪਾਵੇ ਯੋਗਦਾਨ- ਗੁਰਲਾਲ ਸਿੰਘ ਘਨੌਰ

ਵਰਲਡ ਪੰਜਾਬੀ ਟਾਈਮਜ਼

ਘਨੌਰ, 30 ਅਗਸਤ : ਹਲਕਾ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਘਨੌਰ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਤੇ ਸਥਾਨਕ ਸਰਕਾਰ ਮੰਤਰੀ ਹਰਜੋਤ ਬੈਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਰੰਭੀ ਮਿਸ਼ਨ ਕਲੀਨ ਪੰਜਾਬ ਮੁਹਿੰਮ ਵਿੱਚ ਹਰ ਨਾਗਰਿਕ ਯੋਗਦਾਨ ਪਾਵੇ।

ਨਗਰ ਪੰਚਾਇਤ ਘਨੌਰ ਨੇ ਐਮ ਐਲ ਏ ਗੁਰਲਾਲ ਸਿੰਘ ਘਨੌਰ ਦੀ ਰਹਿਨੁਮਾਈ ਹੇਠ 10 ਦਿਨਾਂ ਸਫਾਈ ਮਹਾ ਅਭਿਆਨ ਦੀ ਸ਼ੁਰੂਆਤ ਨਗਰ ਪੰਚਾਇਤ ਘਨੌਰ ਦੇ ਪ੍ਰਧਾਨ ਮਨਦੀਪ ਕੌਰ ਅਤੇ ਕਾਰਜ ਸਾਧਕ ਅਫਸਰ ਮੁਕੇਸ਼ ਸਿੰਗਲਾ ਵੱਲੋਂ ਬੱਸ ਸਟੈਂਡ ਘਨੌਰ ਤੋਂ ਸ਼ੁਰੂ ਕੀਤੀ ਗਈ। ਇਸ ਮੌਕੇ ਸੀਨੀਅਰ ਵਾਈਸ ਪ੍ਰਧਾਨ ਅੰਕਿਤ ਸੂਦ, ਯੂਥ ਪ੍ਰਧਾਨ ਗੁਰਵਿੰਦਰ ਕਾਲਾ, ਸਮੂਹ ਕੌਂਸਲਰ ਤੇ ਨਗਰ ਪੰਚਾਇਤ ਦਾ ਸਮੂਹ ਸਟਾਫ ਅਤੇ ਸਫਾਈ ਸੇਵਕ ਮੌਜੂਦ ਰਿਹਾ।




ਗੁਰਲਾਲ ਸਿੰਘ ਘਨੌਰ ਨੇ ਕਿਹਾ ਕਿ ਵਿਸ਼ੇਸ਼ ਮੁਹਿੰਮ ਤਹਿਤ ਘਨੌਰ ਦੀਆਂ ਸੜਕਾਂ ਅਤੇ ਜਨਤਕ ਥਾਵਾਂ 'ਤੇ ਪਿਆ ਠੋਸ ਕੂੜਾ, ਮਲਬਾ ਅਤੇ ਹੋਰ ਰਹਿੰਦ-ਖੂੰਹਦ ਨੂੰ ਚੁੱਕ ਕੇ ਢੁਕਵੇਂ ਸਥਾਨਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਹੋਰ ਬਿਹਤਰ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਨਗਰ ਪੰਚਾਇਤ ਦੀਆਂ ਟੀਮਾਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਫ਼ਾਈ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਅਤੇ ਆਪਣੇ ਘਰਾਂ, ਦੁਕਾਨਾਂ ਅਤੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕੂੜਾ ਖੁੱਲ੍ਹੇ ਵਿੱਚ ਜਾਂ ਜਨਤਕ ਥਾਵਾਂ 'ਤੇ ਨਾ ਸੁੱਟਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਸ਼ਹਿਰ ਨੂੰ ਸਾਫ਼-ਸੁਥਰਾ, ਕੂੜਾ-ਮੁਕਤ ਅਤੇ ਪ੍ਰਦੂਸ਼ਣ-ਮੁਕਤ ਬਣਾਉਣ ਲਈ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਸਫ਼ਾਈ ਕਾਰਜ ਕੀਤੇ ਜਾ ਰਹੇ ਹਨ।

## ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਅਦਿੱਤਿਆ ਬੈਡਮਿੰਟਨ ਅਕੈਡਮੀ ਵਿਖੇ 70ਵੇਂ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਦਾ ਕੀਤਾ ਉਦਘਾਟਨ

### ਭਗਵੰਤ ਮਾਨ ਸਰਕਾਰ ਨੇ ਖਿਡਾਰੀਆਂ ਲਈ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਆਧੁਨਿਕ ਖੇਡ ਸਹੂਲਤਾਂ ਪ੍ਰਦਾਨ ਕੀਤੀਆਂ-ਕੁਲਵੰਤ ਸਿੰਘ ਪੰਡੋਰੀ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 30 ਅਗਸਤ:ਪਟਿਆਲਾ ਦੀ ਅਦਿੱਤਿਆ ਬੈਡਮਿੰਟਨ ਅਕੈਡਮੀ ਵਿਖੇ ਅੱਜ 70ਵੇਂ ਜ਼ਿਲ੍ਹਾ ਪੱਧਰੀ ਬੈਡਮਿੰਟਨ ਟੂਰਨਾਮੈਂਟ ਦੀ ਸ਼ੁਰੂਆਤ ਹੋਈ। ਇਸ ਮੌਕੇ ਮਹਿਲ ਕਲਾਂ ਦੇ ਵਿਧਾਇਕ ਅਤੇ ਵਿਧਾਨ ਸਭਾ ਦੀ ਪ੍ਰੀਵਿਲਿਜ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਪੰਡੋਰੀ ਅਤੇ ਪੰਜਾਬ ਗ੍ਰੈਪਲਿੰਗ ਰੈਸਲਿੰਗ ਦੇ ਡਾਇਰੈਕਟਰ ਯੋਗਰਾਜ ਸ਼ਰਮਾ ਸ਼ੈਲੀ ਵਿਸ਼ੇਸ਼ ਤੌਰ 'ਤੇ ਪਹੁੰਚੇ।



ਟੂਰਨਾਮੈਂਟ ਦੇ ਉਦਘਾਟਨੀ ਸਮਾਗਮ ਦੌਰਾਨ ਖਿਡਾਰੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਖੇਡਾਂ ਅਤੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਵਿੱਚ ਵੀ ਸ਼ਹਿਰਾਂ ਵਰਗੀਆਂ ਆਧੁਨਿਕ ਖੇਡ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਅਤੇ ਸੂਬੇ ਭਰ ਵਿੱਚ ਸ਼ਾਨਦਾਰ ਖੇਡ ਮੈਦਾਨ ਵਿਕਸਿਤ ਕੀਤੇ ਗਏ ਹਨ, ਤਾਂ ਜੋ ਪਿੰਡਾਂ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਬਿਹਤਰ ਮੌਕੇ ਮਿਲ ਸਕਣ।

ਇਸ ਮੌਕੇ ਯੋਗਰਾਜ ਸ਼ਰਮਾ ਸ਼ੈਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ




ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਬੈਡਮਿੰਟਨ ਟੂਰਨਾਮੈਂਟ 2 ਸਤੰਬਰ ਤੱਕ ਚੱਲੇਗਾ, ਜਿਸ ਦੌਰਾਨ ਲੜਕਿਆਂ ਅਤੇ ਲੜਕੀਆਂ ਦੇ ਵੱਖ-ਵੱਖ ਵਰਗਾਂ ਵਿੱਚ ਮੁਕਾਬਲੇ ਕਰਵਾਏ ਜਾਣਗੇ।

ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਸ਼ਲਾਘਾ ਕਰਦਿਆਂ ਯੋਗਰਾਜ ਸ਼ਰਮਾ ਸ਼ੈਲੀ ਨੇ ਕਿਹਾ ਕਿ ਪੰਡੋਰੀ ਨੇ ਖਿਡਾਰੀਆਂ ਨਾਲ ਖੁਦ ਮੈਦਾਨ ਵਿੱਚ ਖੇਡ ਕੇ ਬੱਚਿਆਂ ਅਤੇ ਨੌਜਵਾਨਾਂ ਦਾ ਹੌਂਸਲਾ ਵਧਾਇਆ ਹੈ, ਜੋ ਖਿਡਾਰੀਆਂ ਲਈ ਇੱਕ ਪ੍ਰੇਰਣਾਦਾਇਕ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਕੁਲਵੰਤ ਸਿੰਘ ਪੰਡੋਰੀ ਸਿਰਫ਼ ਮਹਿਲ ਕਲਾਂ ਦੇ ਵਿਧਾਇਕ ਹੀ ਨਹੀਂ, ਸਗੋਂ ਪੰਜਾਬ ਦੇ ਨੌਜਵਾਨਾਂ ਅਤੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਅਤੇ ਸਹਿਯੋਗ ਲਈ ਵੀ ਹਮੇਸ਼ਾ ਅੱਗੇ ਰਹਿੰਦੇ ਹਨ।

ਸ਼ੈਲੀ ਨੇ ਕਿਹਾ ਕਿ ਵਿਧਾਇਕ ਪੰਡੋਰੀ ਖਿਡਾਰੀਆਂ ਨੂੰ ਲਗਾਤਾਰ ਸਹਿਯੋਗ ਦਿੰਦੇ ਹਨ ਅਤੇ ਖਾਸ ਕਰਕੇ ਰੈਸਲਿੰਗ ਅਤੇ ਪੈਰਾ ਖਿਡਾਰੀਆਂ ਦੀ ਡਾਇਟ ਸਮੇਤ ਉਨ੍ਹਾਂ ਦੀਆਂ ਹੋਰ ਲੋੜਾਂ ਦਾ ਵੀ ਵਿਸ਼ੇਸ਼ ਧਿਆਨ ਰੱਖਦੇ ਹਨ।

ਇਸ ਮੌਕੇ ਦਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਦਵਿੰਦਰ ਬਦੇਸ਼ਾ ਡਾਇਰੈਕਟਰ ਪੰਜਾਬ ਵਾਟਰ ਸਪਲਾਈ, ਯਾਦਵਿੰਦਰ ਸਿੰਘ, ਰਣਜੀਤ ਸਿੰਘ ਡਾਇਰੈਕਟਰ ਗ੍ਰੈਪਲਿੰਗ ਕਮੇਟੀ ਪੰਜਾਬ ਅਤੇ ਸਤਨਾਮ ਸਿੰਘ ਸੱਤਾ, ਐਮ.ਡੀ. ਅਦਿੱਤਿਆ ਬੈਡਮਿੰਟਨ ਚੈਂਪੀਅਨਜ਼ ਕਲੱਬ ਸਮੇਤ ਵੱਡੀ ਗਿਣਤੀ ਵਿੱਚ ਖਿਡਾਰੀ ਹਾਜ਼ਰ ਸਨ।

ਵਰਲਡ ਪੰਜਾਬੀ ਟਾਈਮਜ਼ 30 ਅਗਸਤ 2026 ਦਿਨ ਐਤਵਾਰ

## ਅਗਾਂਹਵਧੂ ਕਿਸਾਨ ਤੇ ਪੰਜਾਬੀ ਲੇਖਕ ਸ. ਮਹਿੰਦਰ ਸਿੰਘ ਦੋਸਾਂਝ ਦੇ ਸਦੀਵੀ ਵਿਛੋੜੇ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਅਫ਼ਸੋਸ ਦਾ ਪ੍ਰਗਟਾਵਾ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾਃ 30 ਅਗਸਤ : ਜਗਤਪੁਰ(ਸ਼ਹੀਦ ਭਗਤ ਸਿੰਘ ਨਗਰ ਲੁਧਿਆਣਾ ਦੇ ਸਫ਼ਲ ਕਿਸਾਨ, ਲਿਖਾਰੀ ਸਭਾ ਜਗਤਪੁਰ ਦੇ ਬਾਨੀ ਤੇ ਅਗਾਂਹਵਧੂ ਪੰਜਾਬੀ ਲੇਖਕ ਸ. ਮਹਿੰਦਰ ਸਿੰਘ ਦੋਸਾਂਝ ਦੇ ਦੇਹਾਂਤ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ। ਉਹ ਹਮੇਸ਼ਾਂ ਵੱਡੇ ਭਰਾ ਵਾਂਗ ਮੇਰੀ ਕੰਡ ਤੇ ਹੱਥ ਰੱਖਦੇ ਰਹੇ। ਦੋਆਬੇ ਦੇ ਲੇਖਕਾਂ ਲਈ ਉਹ ਭੀਸ਼ਮ ਪਿਤਾਮਾ ਸਨ। ਵਿਗਿਆਨਕ ਢੰਗ ਦੀ ਖੇਤੀ ਲਈ ਉਹ ਕੌਮੀ ਤੇ ਕੌਮਾਂਤਰੀ ਪੁਰਸਕਾਰ ਵਿਜੇਤਾ ਸਨ। ਪੰਜਾਬੀ ਸਾਹਿੱਤ ਵਿੱਚ ਉਨ੍ਹਾਂ ਕਵਿਤਾ ਕਹਾਣੀ ਤੇ ਵਾਰਤਕ ਸਿਰਜਣ ਵਿੱਚ ਕਮਾਲ ਕੀਤੀ। ਉਨ੍ਹਾਂ ਦੀ ਪ੍ਰੇਰਨਾ ਨਾਲ ਬਲਦੇਵ ਸਿੰਘ ਢੀਂਡਸਾ, ਹਰਬੰਸ ਕੈਂਥ ਅਤੇ ਅਮਰੀਕ ਸਿੰਘ ਢੀਂਡਸਾ ਨੇ ਸਾਹਿੱਤਕ ਜਗਤ ਵਿੱਚ ਵੱਡੀ ਪਛਾਣ ਬਣਾਈ।

ਮਹਿੰਦਰ ਸਿੰਘ ਦੋਸਾਂਝ ਦਾ ਜਨਮ ਜਨਮ 5 ਫਰਵਰੀ 1940 ਨੂੰ ਪ੍ਰਿੰਸੀਪਲ ਗੁਰਚਰਨ ਸਿੰਘ ਦੋਸਾਂਝ ਦੇ ਪਿੰਡ ਜਗਤਪੁਰ, (ਜ਼ਿਲਾ ਸ਼ਹੀਦ ਭਗਤ ਸਿੰਘ ਨਗਰ) ਵਿਖੇ ਆਪਣੇ ਨਾਨਕੇ ਘਰ ਹੋਇਆ।

ਸਕੂਲ ਦੀ ਰਸਮੀ ਸਿੱਖਿਆ ਤੋਂ ਲਾਂਭੇ ਰਹਿ ਕੇ ਹੀ ਉਸ ਬੁੱਧੀਮਾਨੀ ਤੇ ਗਿਆਨੀ ਪਾਸ ਕੀਤੀ। ਪੰਜਾਬੀ, ਹਿੰਦੀ, ਅੰਗਰੇਜ਼ੀ ਅਤੇ ਉਰਦੂ ਦੇ ਗੂੜ੍ਹ ਗਿਆਤਾ ਸ ਦੋਸਾਂਝ ਨੇ ਸਾਹਿੱਤ ਸਿਰਜਣਾ ਦੇ ਨਾਲ ਨਾਲ ਅਗਾਂਹਵਧੂ ਖੇਤੀ ਕਰਕੇ ਵੀ ਅੰਤਰ ਰਾਸ਼ਟਰੀ ਪਛਾਣ ਬਣਾਈ।

ਗਿਆਨ ਪ੍ਰਾਪਤੀ ਲਈ ਆਪ ਨੇ ਅਨੇਕ ਬਦੇਸ਼ ਯਾਤਰਾਵਾਂ ਕੀਤੀਆਂ ਆਪ ਨੇ ਰਾਸ਼ਟਰੀ ਪੱਧਰ ਤੇ ਜੰਮੂ ਕਸ਼ਮੀਰ, ਕੇਰਲਾ, ਆਂਧਰਾ ਪ੍ਰਦੇਸ਼, ਤਾਮਿਲਨਾਡੂ, ਕਰਨਾਟਕਾ, ਮਹਾਂਰਾਸ਼ਟਰ ਤੇ ਹਿਮਾਚਲ ਪ੍ਰਦੇਸ ਦੀ ਗਿਆਨ ਯਾਤਰਾ ਕੀਤੀ।
ਅੰਤਰ-ਰਾਸ਼ਟਰੀ ਪੱਧਰ ਤੇ ਆਪ ਨੇ ਥਾਈਲੈਂਡ (1986), ਇੰਗਲੈਂਡ (1990), ਹਾਲੈਂਡ (1990 ਤੇ 1998), ਕੈਨੇਡਾ ਤੇ ਅਮਰੀਕਾ (1994 ਤੇ 1998), ਪਾਕਿਸਤਾਨ (2001) ਦਾ ਦੌਰਾ ਕੀਤਾ ਵੀ ਕੀਤਾ।

ਆਪ ਨੂੰ ਖੇਤੀਬਾੜੀ ਖੋਜ ਨਾਲ ਸਬੰਧਿਤ ਅਦਾਰਿਆਂ ਦੀਆਂ ਕਮੇਟੀਆਂ ਤੇ ਸੰਸਥਾਵਾਂ ਦੀ ਮੈਂਬਰਸ਼ਿਪ ਵੀ ਹਾਸਲ ਹੈ ਜਿੰਨ੍ਹਾਂ ਵਿੱਚੋਂ ਮੈਂਬਰ, ਪੀ.ਏ.ਯੂ. ਰਿਸਰਚ ਕੌਂਸਲ ਲੁਧਿਆਣਾ,ਪੀ.ਏ.ਯੂ. ਪਬਲੀਕੇਸ਼ਨ ਕਮੇਟੀ, ਮੈਂਬਰ, ਜ਼ਿਲਾ ਖੇਤੀਬਾੜੀ ਪੈਦਾਵਾਰ ਕਮੇਟੀ ਨਵਾਂ ਸ਼ਹਿਰ। ਮੈਂਬਰ, ਜ਼ਿਲਾ ਹਾਈਪਾਵਰ ਕਮੇਟੀ ਸਹਿਕਾਰਤਾ ਵਿਭਾਗ ਨਵਾਂ ਸ਼ਹਿਰ ਮੈਂਬਰ, ਮਾਈਕਰੋ ਇਰੀਗੇਸ਼ਨ ਕਮੇਟੀ ਨਵਾਂ ਸ਼ਹਿਰ, ਪ੍ਰਧਾਨ, ਲਿਖਾਰੀ ਸਭਾ ਜਗਤਪੁਰ (ਰਜਿ.), ਮੈਂਬਰ, ਪੰਜਾਬ ਸਟੇਟ ਸੀਡ ਸੱਬ ਕਮੇਟੀ ਚੰਡੀਗੜ੍ਹ, ਮੈਂਬਰ, ਗਵਰਨਿੰਗ ਬੋਰਡ, ਪੰਜਾਬ ਸਟੇਟ ਸੀਡ ਸਰਟੀਫਿਕੇਸ਼ਨ ਅਥਾਰਟੀ ਚੰਡੀਗੜ੍ਹ।

ਮੈਂਬਰ, ਜ਼ਿਲਾ ਸ਼ਿਕਾਇਤ ਨਿਵਾਰਨ ਕਮੇਟੀ ਜਲੰਧਰ,ਮੈਂਬਰ, ਪੰਜਾਬ ਸਟੇਟ ਅਗਜੈਕੇਟਿਵ ਕਮੇਟੀ ਵਾਸਤੇ ਰਾਸ਼ਟਰੀ ਹਾਰਟੀ ਕਲਚਰ ਮਿਸ਼ਨ ਚੰਡੀਗੜ੍ਹ,ਮੈਂਬਰ ਕੋਰ ਕਮੇਟੀ ਦੁਆਬਾ ਸਹਿਕਾਰੀ ਖੰਡ ਮਿੱਲ ਨਵਾਂ ਸ਼ਹਿਰ, ਮੈਂਬਰ, ਜ਼ਿਲਾ ਲੋਕ ਸੰਪਰਕ ਕਮੇਟੀ ਨਵਾਂ ਸ਼ਹਿਰ,ਮੈਂਬਰ ਪ੍ਰਬੰਧਕੀ ਕਮੇਟੀ, ਅਮਰਦੀਪ ਸਿੰਘ ਸ਼ੇਰਗਿੱਲ ਮੈਮੋਰੀਅਲ ਕਾਲਜ, ਮੁਕੰਦਪੁਰ (ਨਵਾਂ ਸ਼ਹਿਰ), ਮੈਂਬਰ, ਪ੍ਰੋਗਰਾਮ ਸਲਾਹਕਾਰ ਕਮੇਟੀ ਆਲ ਇੰਡੀਆ ਰੇਡੀਓ ਸਟੇਸ਼ਨ ਤੇ ਦੂਰ ਦਰਸ਼ਨ ਕੇਂਦਰ ਜਲੰਧਰ ਪ੍ਰਮੁੱਖ ਹਨ।

ਆਪ ਦੀਆਂ ਮੌਲਿਕ ਰਚਨਾਵਾਂ ਵਿੱਚ ਦਿਸ਼ਾ (ਮੌਲਿਕ ਕਾਵਿ ਸੰਗ੍ਰਹਿ, 1972) ਕਿਰਤ ਨਾਲ ਜੁੜੇ ਰਿਸ਼ਤੇ (ਮੌਲਿਕ ਕਹਾਣੀ ਸੰਗ੍ਰਹਿ, 1984), ਰੌਸ਼ਨੀ ਦੀ ਭਾਲ (ਮੌਲਿਕ ਕਾਵਿ ਸੰਗ੍ਰਹਿ, 1998) ਤੇ ਯਾਦਾਂ ਪਾਕਿਸਤਾਨ ਦੀਆਂ (ਸਫਰਨਾਮਾ) ਪ੍ਰਮੁੱਖ ਹਨ।

ਮਹਿੰਦਰ ਸਿੰਘ ਦੋਸਾਂਝ ਨੇ ਸਾਹਿੱਤ, ਸਿੱਖਿਆ ਸਮਾਜ ਕਲਿਆਣ ਤੇ ਦਿਹਾਤੀ ਵਿਕਾਸ ਦੇ ਖੇਤਰ ਵਿਚ 1960 ਵਿਚ ਲਿਖਾਰੀ ਸਭਾ ਜਗਤਪੁਰ ਦੀ ਸਥਾਪਨਾ ਕੀਤੀ। ਇਲਾਕੇ ਦੇ ਲਗਪਗ 10 ਪਿੰਡਾਂ ਲਈ ਪੁਸਤਕਾਂ ਦੇ ਪ੍ਰਬੰਧ ਕਰਕੇ ਪੇਂਡੂ ਸਾਹਿੱਤਕ ਲਾਇਬ੍ਰੇਰੀਆਂ ਦੀ ਸਥਾਪਨਾ ਕੀਤੀ।

ਆਪ ਨੇ 1975 ਤੋਂ ਹੁਣ ਤੱਕ ਇਲਾਕੇ ਦੇ ਲਗਪਗ 7 ਉੱਘੇ ਨਗਰਾਂ ਵਿਚ ਲੇਖਕਾਂ ਤੇ ਪਾਠਕਾਂ ਨੂੰ ਉਤਸਾਹਿਤ ਕਰਕੇ ਸਾਹਿੱਤ ਸਭਾਵਾਂ ਚਾਲੂ ਕਰਵਾਈਆਂ। ਆਪ ਨੇ ਇਲਾਕੇ ’ਚ ਬਿਰਛ ਬੂਟੇ ਲਵਾਉਣ ਲਈ ਵੀ ਸਫ਼ਲ ਮੁਹਿੰਮ ਚਲਾਈ। ਆਪ ਨੇ ਵਿਧਵਾਂ ਇਸਤਰੀਆ, ਬਿਰਧ ਬੀਬੀਆਂ, ਆਸਰਾਹੀਣ ਬਜ਼ੁਰਗਾਂ ਅਤੇ ਗਰੀਬ ਬੱਚਿਆਂ ਦੀ ਲੋੜੀਂਦੀ ਮਦਦ ਕੀਤੀ।

16 ਅਕਤੂਬਰ 1986 ਛੇਵੇਂ ਵਿਸ਼ਵ ਖੁਰਾਕ ਦਿਵਸ ’ਤੇ ਕਣਕ ਦੇ ਸ਼ਾਨਦਾਰ ਉਤਪਾਦਨ ਲਈ ਯੂ.ਐਨ.ਓ. ਵੱਲੋਂ ਬੈਂਕਾਕ (ਥਾਈਲੈਂਡ) ਵਿਖੇ ਅੰਤਰ-ਰਾਸ਼ਟਰੀ ਪੁਰਸਕਾਰ ਮਿਲਿਆ।

21 ਅਕਤੂਬਰ 1990 ਨੂੰ ਸਾਹਿੱਤ ਤੇ ਕਲਾ ਦੇ ਖੇਤਰ ’ਚ ਕੰਮ ਲਈ ਅੰਤਰ-ਰਾਸ਼ਟਰੀ ਪੰਜਾਬੀ ਕਾਵਿ ਸੰਮੇਲਨ ’ਤੇ ਇੰਟਰਨੈਸ਼ਨਲ ਪੰਜਾਬੀ ਸਾਹਿੱਤ ਸਭਾ ਲੰਡਨ (ਯੂ.ਕੇ.) ਵੱਲੋਂ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਾਬਕਾ ਜੱਜ ਸ. ਅਜੀਤ ਸਿੰਘ ਬੈਂਸ ਹੱਥੀਂ ਲੰਡਨ (ਯੂ.ਕੇ.) ਵਿਚ ਸਨਮਾਨਿਤ ਕੀਤਾ।

26 ਜਨਵਰੀ 1996 ਨੂੰ ਗਣਤੰਤਰਤਾ ਦਿਵਸ ’ਤੇ ਆਪ ਜੀ ਨੂੰ ਨਵਾਂ ਸ਼ਹਿਰ ਵਿੱਖੇ ਖੇਤੀਬਾੜੀ ਦੇ ਖੇਤਰ ’ਚ ਵਿਸ਼ੇਸ਼ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ।

22 ਮਾਰਚ 1997 ਦੇ ਕਿਸਾਨ ਮੇਲੇ ’ਤੇ ਖੇਤੀ ਵਿਚ ਨਵੀਆਂ ਖੋਜਾਂ ਕਰਨ ਲਈ ਪੰਜਾਬ ਖੇਤੀ ਯੂਨੀਵਰਸਿਟੀ ਵੱਲੋਂ ਸ.ਦਲੀਪ ਸਿੰਘ ਧਾਲੀਵਾਲ ਪੁਰਸਕਾਰ ਮਿਲਿਆ।

17 ਮਾਰਚ 2007 ਦੇ ਕਿਸਾਨ ਮੇਲੇ ’ਤੇ ਖੇਤੀ ਵੰਨ ਸਵੰਨਤਾ ਦਾ ਇਕ ਸ਼ਾਨਦਾਰ ਮਾਡਲ ਵਿਕਸਤ ਕਰਨ ਲਈ ਪੰਜਾਬ ਖੇਤੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਮੁੱਖ ਮੰਤਰੀ ਪੁਰਸਕਾਰ ਪ੍ਰਾਪਤ ਕੀਤਾ।

2024 ਵਿੱਚ ਆਪ ਨੂੰ ਮੰਗਾ ਸਿੰਘ ਬਾਸੀ ਵੱਲੋਂ ਆਪਣੇ ਪਿਤਾ ਜੀ ਦੀ ਯਾਦ ਵਿੱਚ ਸਥਾਪਿਤ ਸ ਪ੍ਰੀਤਮ ਸਿੰਘ ਬਾਸੀ ਪੁਰਸਕਾਰ ਵੀ ਗੁਜਰਾਂਵਾਲਾ ਗੁਰੂ ਨਾਨਕ ਖ਼ਾਲਸਾ ਕਾਲਿਜ ਵਿਖੇ ਪ੍ਰਦਾਨ ਕੀਤਾ ਗਿਆ। ਉਹ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਦੇ ਵੀ ਜੀਵਨ ਮੈਂਬਰ ਸਨ।

ਸ. ਮਹਿੰਦਰ ਸਿੰਘ ਦੋਸਾਂਝ ਦੇ ਦੇਹਾਂਤ ਤੇ ਦੇਸ਼ ਬਦੇਸ਼ ਵਿੱਚ ਸ਼ੋਕ ਦੀ ਲਹਿਰ ਦੌੜ ਗਈ ਹੈ।

ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਸ ਪ ਸਿੰਘ ਨੇ ਸ਼ਰਧਾਂਜਲੀ ਭੇਂਟ ਕਰਦਿਆਂ ਕਿਹਾ ਹੈ ਕਿ ਉਹ ਅਸਲ ਅਰਥਾਂ ਵਿੱਚ ਕਰਮਯੋਗੀ ਸਨ। ਸਾਰੀ ਉਮਰ ਕਿਰਤ ਕਰਦਿਆਂ ਉਨ੍ਹਾਂ ਕਲਮ ਨੂੰ ਵੀ ਨਾਲ ਨਾਲ ਤੋਰਿਆ।

ਪੀ ਏ ਯੂ ਦੇ ਸਾਬਕਾ ਵਾਈਸ ਚਾਂਸਲਰ ਡਾ. ਕ ਸ ਔਲਖ , ਪਸਾਰ ਸਿੱਖਿਆ ਡਾ. ਸ ਸ ਗਿੱਲ, ਉੱਘੇ ਲੇਖਕ ਪ੍ਰੋ. ਰਵਿੰਦਰ ਭੱਠਲ,ਡਾ. ਆਤਮਜੀਤ ਸਿੰਘ, ਡਾ. ਸੁਰਜੀਤ ਸਿੰਘ ਭੱਟੀ, ਪ੍ਰਿੰਸੀਪਲ ਸਰਵਣ ਸਿੰਘ, ਵਰਿਆਮ ਸਿੰਘ ਸੰਧੂ, ਡਾ. ਲਖਵਿੰਦਰ ਸਿੰਘ ਜੌਹਲ, ਸ਼ਮਸ਼ੇਰ ਸਿੰਘ ਸੰਧੂ,ਤ੍ਰੈਲੋਚਨ ਲੋਚੀ, ਮਨਜਿੰਦਰ ਧਨੋਆ, ਸਹਿਜਪ੍ਰੀਤ ਸਿੰਘ ਮਾਂਗਟ, ਅਜਮੇਰ ਸਿੱਧੂ, ਰਵਿੰਦਰ ਸਹਿਰਾਅ, ਕੁਲਦੀਪ ਸਿੰਘ ਸਰਾਂ ਤੇ ਬਲਦੇਵ ਸਿੰਘ ਢੀਂਡਸਾ ਨੇ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਪੰਜਾਬ ਦਾ ਅਨਮੋਲ ਰਤਨ-ਡਾ, ਸੁਰਿੰਦਰ ਸਿੰਘ ਗਿੱਲ

ਵਰਲਡ ਪੰਜਾਬੀ ਟਾਈਮਜ਼
ਬਲਵਿੰਦਰ 'ਬਾਲਮ' ਗੁਰਦਾਸਪੁਰ



ਡਾ ਸੁਰਿੰਦਰ ਸਿੰਘ ਗਿੱਲ ਸਿੱਖਿਆ ਦੇ ਖੇਤਰ ਦੇ ਚਮਕਦੇ ਸਿਤਾਰੇ ਹਨ ਉਹਨਾਂ ਦੇ ਜੀਵਨ ਦਾ ਬਹੁਤਾ ਸਮਾਂ ਅਧਿਆਪਨ ਕਾਰਜ ਨਾਲ ਜੁੜਿਆ ਰਿਹਾ ਹੈ। ਉਹ ਲਗਭਗ ਦੋ ਦਹਾਕੇ ਦਸ਼ਮੇਸ਼ ਸੀਨੀਅਰ ਸਕੈਂਡਰੀ ਸਕੂਲ ਤਲਵੰਡੀ ਸਾਬੋ ਵਿਖੇ ਅਤੇ ਕਾਫੀ ਸਮਾਂ ਖਾਲਸਾ ਸੀਨੀਅਰ ਸਕੈਂਡਰੀ ਸਕੂਲ ਬਠਿੰਡਾ ਵਿਖੇ ਬਤੌਰ ਪ੍ਰਿੰਸੀਪਲ ਸੇਵਾਵਾਂ ਨਿਭਾ ਚੁੱਕੇ ਹਨ । ਡਾ, ਗਿੱਲ ਨੂੰ ਪੜਨ ਲਿਖਣ ਦਾ ਸ਼ੌਕ ਜਨੂੰਨ ਦੀ ਹੱਦ ਤੱਕ ਰਿਹਾ ਹੈ। ਪੜਨ ਪੜਾਉਣ ਦੇ ਪੱਖ ਤੋਂ ਉਹਨਾਂ ਨੇ ਵੱਖ ਵੱਖ ਖੇਤਰਾਂ ਵਿਚ ਵਿਸ਼ੇਸ਼ ਪ੍ਰਾਪਤੀਆਂ ਕੀਤੀਆਂ ਹਨ। ਉਹਨਾਂ ਦੀ ਰੁਚੀ ਸ਼ੁਰੂ ਤੋਂ ਹੀ ਪੰਜਾਬ ਦੇ ਗੌਰਵ ਸ਼ਾਲੀ ਵਿਰਸੇ ਨੂੰ ਜਾਨਣ ਅਤੇ ਸੰਭਾਲਣ ਵਲ ਰਹੀ ਹੈ। ਪੰਜਾਬ ਦੀਆਂ ਨਾਮਵਰ ਸ਼ਖਸੀਅਤਾਂ ਦੇ ਜੀਵਨ ਬਾਰੇ ਜਾਣਕਾਰੀ ਪ੍ਰਾਪਤ ਕਰਨਾ, ਉਹਨਾਂ ਦਾ ਸ਼ੌਕ ਰਿਹਾ ਹੈ। ਉਹ ਸਿੱਖਿਆ ਅਤੇ ਖੇਡ ਜਗਤ ਨਾਲ ਨਿਰੰਤਰ ਜੁੜੇ ਰਹੇ ਹਨ। ਜਿਮਨਾਸਟਿਕ ਦੀ ਖੇਡ ਵਿਚ ਉਹਨਾਂ ਦੀ ਵਿਸ਼ੇਸ਼ ਮੁਹਾਰਤ ਰਹੀ ਹੈ। ਇਸ ਖੇਤਰ ਵਿਚ ਉਹ ਗੋਲਡ ਮੈਡਲਲਿਸਟ ਹੋਣ ਦਾ ਮਾਣ ਰੱਖਦੇ ਹਨ । ਡਾ ਗਿੱਲ ਨੇ ਐਮ ਏ, ਅੰਗਰੇਜੀ ਅਤੇ ਕੰਪਿਊਟਰ ਸਾਇੰਸ ਦੇ ਖੇਤਰ ਵਿਚ ਪੀ ਜੀ ਡੀ ਸੀ ਏ ਦੀ ਡਿਗਰੀ ਹਾਸਲ ਕੀਤੀ ਹੈ।, ਸਪਰੋਟਸ ਸਾਈਕਾਲੋਜੀ ਵਿਚ ਐਮ ਫਿਲ ਡਿਗਰੀ ਅਤੇ ਸਪੋਰਟਸ ਸਾਇੰਸ ਸਾਈਕਾਲੋਜੀ ਦੇ ਖੇਤਰ ਵਿਚ ਉਹਨਾਂ ਨੇ ਪੀਐਚ ਡੀ ਦੀ ਉਚੇਰੀ ਡਿਗਰੀ ਪ੍ਰਾਪਤ ਕੀਤੀ ਹੈ। ਉਹਨਾਂ ਦੀ ਵਿਸ਼ੇਸ਼ ਦਿਲਚਸਪੀ ਜਰਨਲਿਜਮ ਦੇ ਖੇਤਰ ਵਿਚ ਰਹੀ ਹੈ।ਨਿਰਸੰਦੇਹ! ਪ੍ਰਿੰਸੀ, ਡਾ ਸੁਰਿੰਦਰ ਸਿੰਘ ਗਿੱਲ ਪੰਜਾਬ ਦੇ ਉਹ ਅਨਮੋਲ ਰਤਨ ਹਨ,, ਜਿਹਨਾਂ ਦਾ ਸਮੁੱਚਾ ਜੀਵਨ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਵਿਕਾਸ ਵਿਸਥਾਰ ਨੂੰ ਸਮਰਪਿਤ ਰਿਹਾ ਹੈ।

ਡਾ ਸੁਰਿੰਦਰ ਸਿੰਘ ਗਿੱਲ ਚੁੰਬਕੀ ਗੁਣ ਲੱਛਣਾਂ ਵਾਲੀ ਸ਼ਖਸੀਅਤ ਦੇ ਧਾਰਨੀ ਹਨ । ਉਹ ਪਹਿਲੀ ਮਿਲਣੀ ਵਿਚ ਹੀ ਮਿਲਣ ਵਾਲੀ ਧਿਰ ਨੂੰ ਆਪਣੇ ਵਲ ਆਕ੍ਰਸ਼ਿਤ ਕਰ ਲੈਂਦੇ ਹਨ। ਪਲਾਂ ਛਿਣਾਂ ਵਿਚ ਹੀ ਉਹ ਮਿਲਣ ਵਾਲੀ ਧਿਰ ਨੂੰ ਆਪਣਾ ਬਣਾ ਲੈਂਦੇ ਹਨ ਅਤੇ ਖੁਦ ਵੀ ਉਸ ਧਿਰ ਦੇ ਬਣ ਜਾਂਦੇ ਹਨ । ਡਾ ਗਿੱਲ ਨੂੰ ਦੋਸਤਾਨਾ ਸੰਬੰਧ ਬਣਾਉਣੇ ਵੀ ਆਉਂਦੇ ਹਨ, ਅਤੇ ਨਿਭਾਉਣੇ ਵੀ। ਉਹਨਾਂ ਨੂੰ ਸੁਰਮਾਂ ਪਾਉਣਾ ਵੀ ਆਉਂਦਾ ਹੈ ਅਤੇ ਮਟਕਾਉਣਾ ਵੀ। ਉਹਨਾਂ ਦਾ ਮੰਦ ਮੰਦ ਮੁਸਕਰਾਂਉਂਦਾ ਚਿਹਰਾ, ਅਤੇ ਮਿੱਠੀ ਸੁਰੀਲੀ ਅਵਾਜ ਮਿਲਣ ਵਾਲੀ ਧਿਰ ਤੇ ਜਾਦੂ ਕਰ ਦਿੰਦੇ ਹਨ। ਫੁਰਤੀਲਾ ,ਸਡੌਲ ਸਰੀਰ, ਢੁਕਵੇਂ ਰੰਗਾਂ ਵਾਲਾ ਪਹਿਰਾਵਾ, ਮਿਲਣ ਵਾਲੀ ਧਿਰ ਉਤੇ ਸੁਭਾਵਿਕ ਤੌਰ ਤੇ ਹਾਵੀ ਹੋ ਜਾਂਦਾ ਹੈ।ਉਹ ਹੱਦ ਦਰਜੇ ਦੇ ਮਿਲਾਪੜੇ ਇਨਸਾਨ ਹਨ । ਮਨੋ ਵਿਗਿਆਨ ਦੇ ਵਿਦਿਆਰਥੀ ਹੋਣ ਕਾਰਨ ਉਹ ਦੂਜੀ ਧਿਰ ਦੀ ਮਾਨਸਿਕਤਾ ਨੂੰ ਸਹਿਜੇ ਹੀ ਪਛਾਣ ਲੈਂਦੇ ਹਨ । ਅੰਗਰੇਜੀ ਭਾਸ਼ਾ ਦੀ ਉਚੇਰੀ ਸਿੱਖਿਆ ਕਾਰਨ ਉਹਨਾਂ ਨੂੰ ਵੱਖ ਵੱਖ ਦੇਸ਼ਾਂ ਦੇ ਲੋਕਾਂ ਨਾਲ ਗਲਬਾਤ ਕਰਨ ਦੀ ਕੋਈ ਸਮੱਸਿਆ ਨਹੀਂ। ਸ਼ਾਇਦ ਇਸੇ ਕਾਰਨ ਪੰਜਾਬ ਦਾ ਇਹ ਸਪੂਤ ਅਨੇਕਾਂ ਵਿਕਸਤ ਮੁਲਕਾਂ ਦਾ ਰਮਨ ਕਰ ਚੁੱਕਿਆ ਹੈ। ਬਿਨਾਂ ਸ਼ੱਕ ! ਡਾ ਗਿੱਲ ਇਸ ਵੇਲੇ ਵੰਨ ਸਵੰਨੇ ਗਿਆਨ ਦੇ ਵਿਸ਼ਾਲ ਭੰਡਾਰ ਹਨ । ਮੈਂ ਇਸ ਗਿਆਨ ਵਾਨ ,ਵਿਦਵਾਨ ਦੋਸਤ ਦੀ ਦੋਸਤੀ ਉਤੇ ਫਖਰ ਮਹਿਸੂਸ ਕਰਦਾ ਹਾਂ।

ਵੀਹਵੀਂ ਸਦੀ ਦੇ ਆਖਰੀ ਦਹਾਕੇ ਵਿਚ ਸੰਸਾਰੀ ਕਰਨ, ਪੱਛਮੀ ਕਰਨ, ਬਜਾਰੀ ਕਰਨ, ਅਤੇ ਵਪਾਰੀਕਰਨ ਵਰਗੇ ਅਨੇਕਾਂ ਰੁਝਾਨ ਪੈਦਾ ਹੋਏ ਸਨ। ਇਹਨਾਂ ਰੁਝਾਨਾਂ ਦੇ ਕਾਰਨ ਵਿਕਸਤ ਮੁਲਕਾਂ ਦੇ ਮੁਕਾਬਲੇ ਵਿਕਾਸ ਸ਼ੀਲ ਮੁਲਕਾਂ ਦੇ ਸਭਿਆਚਾਰਕ ਵਰਤਾਰੇ ਦੂਜੈਲੇ ਸਥਾਨ ਤੇ ਚਲੇ ਗਏ ਹਨ। ਸੱਚ ਤਾਂ ਇਹ ਹੈ ਕਿ ਵਰਤਮਾਨ ਸਮੇਂ ਵਿਚ ਵਿਕਾਸ ਸ਼ੀਲ ਮੁਲਕਾਂ ਦੀਆਂ ਉਸਾਰੂ ਕਦਰਾਂ ਕੀਮਤਾਂ ਮਲੀਆਮੇਟ ਹੋ ਗਈਆਂ ਹਨ। ਅਜੋਕੇ ਸਮੇਂ ਵਿਚ ਸਦੀਆਂ ਤੋਂ ਦੱਬੀਆਂ ਕੁੱਚਲੀਆਂ ਸ਼੍ਰੇਣੀਆਂ ਵਿਚ ਖਾਣ ਹੰਡਾਉਣ ਦੀ ਲੋਚਾ ਤਾਂ ਪੈਦਾ ਹੋਈ ਹੈ ਪਰ ਮੁਕਾਬਲਤਨ ਹੱਥੀਂ ਕੰਮ ਕਰਨ ਦਾ ਰੁਝਾਨ ਘੱਟ ਗਿਆ ਹੈ। ਪਦਾਰਥਕ ਲਾਲਸਾਵਾਂ ਵਿਚ ਵਾਧਾ ਹੋਇਆ ਹੈ । ਉਤਪਾਦਨ ਦੇ ਮੁਕਾਬਲੇ ਉਪਭੋਗਤਾ ਦਾ ਰੁਝਾਨ ਵਧੇਰੇ ਹੋਇਆ ਹੈ । ਖਰਚੇ ਵਧੇਰੇ ,ਹਨ, ਆਮਦਨ ਦੇ ਸਾਧਨ ਸੀਮਤ ਹਨ। ਬੇਰੁਜ਼ਗਾਰੀ, ਮਹਿੰਗਾਈ, ਭ੍ਰਿਸ਼ਟਾਚਾਰੀ ਅਤੇ ਬਦ ਦਿਆਨਤਦਾਰੀ ਵਿਚ ਵਾਧਾ ਹੋਇਆ ਹੈ। ਰਾਤੋ ਰਾਤ ਅਮੀਰ ਹੋਣ ਦੀ ਰੁਚੀ ਨੇ ਨੈਤਿਕ ਕਦਰਾਂ ਕੀਮਤਾਂ ਨੂੰ ਤਹਿਸ ਨਹਿਸ ਕਰ ਦਿੱਤਾ। ਰਾਜਨੀਤਕ ਆਗੂ, ਅਫਸਰ ਸ਼ਾਹੀ, ਨਿਆਂ ਪਾਲਿਕਾ ਵਰਗੀਆਂ ਲੋਕ ਪਾਲਕ ਧਿਰਾਂ ਜਨ ਸਮੂਹ ਦੇ ਵਿਕਾਸ ਨਾਲੋਂ ਵਿਨਾਸ਼ ਦਾ ਕਾਰਨ ਵਧੇਰੇ ਬਣਨ ਲੱਗ ਪਈਆਂ। ਸਿੱਖਿਆ ਦੇ ਖੇਤਰ ਵਿਚ ਨਿਘਾਰ ਆਉਣਾ, ਸ਼ੁਰੂ ਹੋ ਗਿਆ। ਪੜਿਆ ਲਿਖਿਆ ਨੋਜਵਾਨ ਬੇਰੁਜ਼ਗਾਰ ਹੋ ਕੇ ਜਾਂ ਤਾਂ ਗੈਂਗਸਟਰ ਜਾਂ ਫੇਰ ਨਸ਼ੇੜੀ ਬਣਨ ਲੱਗ ਪਿਆ। ਦਿਨੋ ਦਿਨ ਪੁਲੀਤ ਹੋ ਰਹੇ ਸਮਾਜਕ, ਆਰਥਿਕ ਅਤੇ ਪ੍ਰਕਿਰਤਕ ਚੌਗਿਰਦੇ ਵਿਚ ਦਮ ਘੁਟਣ ਲੱਗ ਪਿਆ। ਖੇਤੀ ਬਾੜੀ ਘਾਟੇ ਦਾ ਸੌਦਾ ਬਣ ਗਈ। ਨੌਕਰੀ ਦੁਰਲੱਭ ਹੋ ਗਈ। ਅਧਿਆਪਕ ਕੌਮ ਦਾ ਨਿਰਮਾਤਾ ਨਾ ਰਹਿ ਕੇ, ਸਾਧਾਰਨ ਕਾਮਾ ਬਣਾ ਦਿੱਤਾ,। ਗੈਰ ਸਕਾਰਾਰੀ ਸਿੱਖਿਆ ਸੰਸਥਾਵਾਂ ਦੇ ਅਨਪੜ੍ਹ ਪ੍ਰਬੰਧਕ ਤਾਨਾਸ਼ਾਹ ਬਣ ਗਏ। ਸਮਾਜਕ ਅਤੇ ਪ੍ਰਕਿਰਤਕ ਚੌਗਿਰਦਾ ਪੂਰੀ ਤਰਾਂ ਪ੍ਰਦੂਸ਼ਿਤ ਹੋ ਚੁੱਕਿਆ ਹੈ। ਅਜਿਹੀ ਹਾਲਤ ਵਿਚ ਪੀਣ ਦਾ ਪਾਣੀ ,ਖਾਧ ਪਦਾਰਥ, ਰਸਾਇਣਕ ਖਾਦਾਂ ਅਤੇ ਰਸਾਇਣਕ ਦਵਾਈਆਂ ਨੇ ਜੀਵਨ ਸਹਿਜਤਾ ਨਾਲ ਜੀਓਣਾ ਮੁਸ਼ਕਿਲ ਕਰ ਦਿੱਤਾ। ਇਸ ਕਿਸਮ ਦੇ ਅਨੇਕਾਂ ਹੋਰ ਕਾਰਨਾਂ ਨੇ ਪੰਜਾਬ ਦੇ ਲੋਕਾਂ ਵਿਚ ਪ੍ਰਵਾਸ ਦੇ ਰੁਝਾਨ ਵਿਚ ਵਾਧਾ ਕੀਤਾ ਹੈ। ਸੰਭਵ ਹੈ ਕਿ ਅਜਿਹਾ ਕਾਰਨਾਂ ਸੱਦਕਾ ਹੀ ਡਾ ਸੁਰਿੰਦਰ ਸਿੰਘ ਗਿੱਲ ਨੂੰ ਆਪਣੀ ਮਾਣ ਮੱਤੀ ਨੌਕਰੀ ਛੱਡ ਕੇ 2003 ਈਂ ਵਿਚ ਅਮਰੀਕਾ ਦੀ ਧਰਤੀ ਤੇ ਪ੍ਰਵਾਸ ਧਾਰਨ ਕਰਨਾ ਪਿਆ ਹੋਵੇ । ਵਰਤਮਾਨ ਸਮੇਂ ਵਿਚ ਪ੍ਰਵਾਸ ਦੇ ਅਨੇਕਾਂ ਕਾਰਨ ਅਤੇ ਅਨੇਕਾਂ ਸਮੱਸਿਆਵਾਂ ਹੋ ਸਕਦੀਆਂ ਹਨ। ਪਰੰਤੂ, ਇਹ ਗਲ ਤਾਂ ਦਾਅਵੇ ਨਾਲ ਕਹੀ ਜਾ ਸਕਦੀ ਹੈ ਕਿ ਪ੍ਰਵਾਸ ਨਾ” ਵਰ ਹੈ, ਅਤੇ ਨਾ ਹੀ ਸਰਾਪ ਹੈ। ਇਹ ਤਾਂ ਲਗਾਤਾਰ ਬਦਲ ਰਹੀਆਂ ਸਮਾਜਕ, ਆਰਥਿਕ, ਰਾਜਨੀਤਕ ਅਤੇ ਭਾਈਚਾਰਕ ਹਾਲਤਾਂ ਦੀ ਦੇਣ ਹੈ। ਜੀਵਨ ਨੂੰ ਸੁਖਾਵੇਂ ਅਤੇ ਸਵੈਮਾਨ ਨਾਲ ਜਿਉਣ ਦਾ ਇਕ ਯਤਨ ਹੈ। ਪ੍ਰਵਾਸ ਸ਼ੰਘਰਸ਼ ਦਾ ਮਾਰਗ ਹੈ। ਮਿਹਨਤ, ਮਸ਼ੱਕਤ ਕਰ ਕੇ ਸੌਖਾ ਸਾਹ ਲੈਣ ਦਾ ਨਾਮ
ਪਰਵਾਸ ਹੈ । ਜਨਮ ਭੂਮੀ ਅਤੇ ਕਰਮ ਭੂਮੀ ਵਿਚਕਾਰ ਇਕ ਸਮਝੋਤਾ ਪ੍ਰਵਾਸ ਹੈ।ਅਸਲ ਵਿਚ ਪ੍ਰਵਾਸ ਓਪਰੀ ਧਰਤੀ ਦਾ ਨਿਵਾਸ ਹੈ। ਪ੍ਰਵਾਸ ਨਾਨਕਾ ਘਰ ਨਹੀਂ ਸਗੋਂ ਪ੍ਰਤੀ ਦੁਵੰਦੀਆਂ ਵਿਚਕਾਰ ਆਪਣੀ ਥਾਂ ਅਤੇ ਪਹਿਚਾਣ ਬਣਾਉਣ ਦਾ ਜੱਦੋ ਜਹਿਦ ਹੈ। ਜਰੂਰੀ ਨਹੀਂ ਕਿ ਪ੍ਰਵਾਸ ਦੌਰਾਨ ਹਰ ਕੋਈ ਬਰਾਬਰ ਦੀ ਸਫਲਤਾ ਪ੍ਰਾਪਤ ਕਰੇ। ਖਾਸ ਕਰ ਨਵੀਂ ਪੀੜੀ ਨੂੰ ਆਪਣੇ ਪੈਰਾਂ ਤੇ ਖਲੋਣ ਲਈ ਵਧੇਰੇ ਯਤਨ ਕਰਨੇ ਪੈ ਰਹੇ ਹਨ। ਪਰੰਤੂ, ਲੱਖਾਂ ਦੁਸ਼ਵਾਰੀਆਂ ਦੇ ਬਾਵਜੂਦ ਵੀ ਪ੍ਰਵਾਸ ਕਰ ਗਿਆ, ਕੋਈ ਪਰਿਵਾਰ ਵਾਪਸ ਪਰਤਣ ਲਈ ਰਾਜੀ ਨਹੀਂ ਹੁੰਦਾ। ਖੱਬਲ ਦੀਆਂ ਤਿੜਾਂ ਵਾਂਗ ਹਰ ਕੋਈ ਆਪਣੀਆਂ ਜੜਾਂ ਓਪਰੀ ਧਰਤੀ ਵਿਚ ਲਗਾਉਣ ਵਿਚ ਸਫਲ ਹੋ ਜਾਂਦਾ ਹੈ। ਸੰਭਵ ਹੈ, ਡਾ ਸੁਰਿੰਦਰ ਸਿੰਘ ਗਿੱਲ ਨੂੰ ਵੀ ਸ਼ੁਰੂ ਵਿਚ ਕੁਝ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ ਹੋਵੇ, ਪਰ ਵਰਤਮਾਨ ਸਮੇਂ ਵਿਚ ਉਹਨਾਂ ਨੇ ਆਪਣੀ ਵੱਖਰੀ, ਸਤਿਕਾਰਯੋਗ ਪਹਿਚਾਣ ਬਣਾਉਣ ਵਿਚ ਸਫਲਤਾ ਪ੍ਰਾਪਤ ਕੀਤੀ ਹੈ।

ਦੇਸ ਤੋਂ ਪ੍ਰਦੇਸ਼ ਪ੍ਰਵਾਸ ਕਰ ਗਏ ਪਰਿਵਾਰ ਜਾਂ ਵਿਆਕਤੀ ਵੱਖ ਵੱਖ ਪੱਧਰਾਂ ਜਾਂ ਖੇਤਰਾਂ ਵਿਚ ਵਿਚਰ ਰਹੇ ਹਨ ।, ਇਹਨਾਂ ਵਿਚ ਬਹੁ ਗਿਣਤੀ ਉਹਨਾਂ ਪਰਵਾਸੀ ਲੋਕਾਂ ਦੀ ਹੈ ਜਿਹੜੇ ਸਿੱਖਿਆ ਪ੍ਰਾਪਤ ਕਰਨ ਦੇ ਮਨੋਰਥ ਨੂੰ ਲੈ ਕੇ ਪ੍ਰਵਾਸ ਕਰਦੇ ਹਨ, ਅਤੇ ਵਧੇਰੇ ਕਰਕੇ ਨੌਕਰੀ ਪੇਸ਼ੇ ਨੂੰ ਤਰਜੀਹ ਦਿੰਦੇ ਹਨ। ਉਹਨਾਂ ਦਾ ਬਹੁਤਾ ਧਿਆਨ ਅੱਗੋਂ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦਿਵਾ ਕੇ ਉਹਨਾਂ ਨੂੰ ਚੰਗੀ ਵਿਕਸਿਤ ਹਾਲਤ ਵਿਚ ਕਰਨ ਵਲ ਵਧੇਰੇ ਹੁੰਦਾ ਹੈ। ਦੂਜੀ ਸ਼੍ਰੇਣੀ ਅਧੀਨ ਉਹ ਪ੍ਰਵਾਸੀ ਵਰਗ ਆਉਂਦਾ ਹੈ, ਜਿਹੜਾ ਨਿੱਜੀ ਕਾਰੋਬਾਰ ਨੂੰ ਅਪਣਾ ਕੇ ਵਧੇਰੇ ਸਰਮਾਇਆ ਅਤੇ ਸੁਖ ਸੁਵਿਧਾਵਾਂ ਪ੍ਰਾਪਤ ਕਰਨ ਦੀ ਲਾਲਸਾ ਰੱਖਦਾ ਹੈ। ਫਾਰਮ ਹਾਊਸ, ਵੇਅਰ ਹਾਊਸ, ਵਰਕਸ਼ਾਪ, ਟਰਾਂਸਪੋਰਟ ਜਾਂ ਕੌਂਸਲਰ ਵਰਗੇ ਖੇਤਰ ਇਸ ਵਰਗ ਦੇ ਮਨ ਪਸੰਦ ਖੇਤਰ ਰਹੇ ਹਨ। ਇਹ ਵਰਗ ਆਪਣੀ ਕਾਰਜ ਕੁਸ਼ਲਤਾ ਕਾਰਨ,ਜਾਂ ਆਪਣੇ ਵਿਸ਼ੇਸ਼ ਕਿਸਮ ਦੇ ਉਤਪਾਦਨ ਕਾਰਨ ਲੋਕ ਸਮੂਹ ਦੇ ਸੀਮਤ ਖੇਤਰ ਤੱਕ ਆਪਣੀ ਪਹਿਚਾਣ ਬਣਾਉਣ ਵਿਚ ਸਫਲ ਵੀ ਰਹਿੰਦਾ ਹੈ। ਪ੍ਰੰਤੂ, ਵੱਖ ਵੱਖ ਦੇਸਾਂ ਦੇ ਜਨ ਸਮੂਹ ਨਾਲ ਇਸ ਵਰਗ ਦਾ ਕੋਈ ਸਰੋਕਾਰ ਨਹੀਂ ਹੁੰਦਾ, ਤੀਜਾ ਵਰਗ ਭਾਵੇਂ ਬਹੁਤ ਘੱਟ ਗਿਣਤੀ ਵਿਚ ਹੁੰਦਾ ਹੈ, ਉਹ ਨਿੱਜੀ ਹਿਤਾਂ ਦੇ ਨਾਲ ਨਾਲ ਜਨ ਸਮੂਹ ਦੇ ਹਿਤਾਂ ਬਾਰੇ ਵੀ ਚਿੰਤਾ ਰੱਖਦਾ ਹੈ। ਮੂਲ ਰੂਪ ਵਿਚ ਲੋਕ ਸੇਵਾ ਇਸ ਵਰਗ ਦਾ ਮਿਸ਼ਨ ਹੁੰਦਾ ਹੈ, “ਆਪਨੇ ਲਿਏ ਜੀਏ ਤੋਂ ਕਿਆ ਜੀਏ ਤੂੰ ਜੀਅ ਐ ਦਿਲ ਜਮਾਨੇ ਕੇ ਲਿਏ।” ਇਸ ਵਰਗ ਦਾ ਜੀਵਨ ਫਲਸਫਾ ਹੁੰਦਾ ਹੈ। ਡਾ ਸੁਰਿੰਦਰ ਸਿੰਘ ਗਿੱਲ ਇਸ ਤੀਜੇ ਵਰਗ ਦੀ ਪ੍ਰਤੀਨਿਧਤਾ ਕਰਦੇ ਹਨ। ਡਾ ਗਿੱਲ ਨੇ ਸੱਭ ਤੋਂ ਪਹਿਲਾਂ ਅਮਰੀਕੀ ਸਿਖ ਭਾਈ ਚਾਰੇ ਵਿਚ ਆਪਣੀ ਸਾਖ ਬਣਾਈ। ਭਾਈਚਾਰਕ ਸਾਂਝ ਅਤੇ ਸ਼ਕਤੀ ਪ੍ਰਾਪਤ ਕਰਨ ਉਪਰੰਤ ਉਹਨਾਂ ਨੇ ਆਪਣੀ ਸਮਝ , ਤਜਰਬੇ ਅਤੇ ਆਪਣੀ ਸਮਰੱਥਾ ਦਾ ਪ੍ਰਦਰਸ਼ਨ ਕਰਨਾ , ਸ਼ੁਰੂ ਕਰ ਦਿੱਤਾ,। ਜਿਸ ਦੇ ਫਲਸਰੂਪ ਉਹਨਾਂ ਨੂੰ ਪਹਿਲੇ ਸਾਲ ਹੀ ਕੌਮਾਂਤਰੀ ਪੱਧਰ ਦੇ ਸਨਮਾਨ ਪ੍ਰਾਪਤ ਹੋਣ ਲੱਗ ਪਏ। ਉਹਨਾਂ ਵੱਲੋਂ ਪ੍ਰਾਪਤ ਕੀਤਾ ਗਿਆ ਪ੍ਰਥਮ ਪੁਰਸਕਾਰ ਸਤੰਬਰ 27, 2003 Global Indian award in the field of academic.presented by global Indian congress at pagan event 2003 at San Francisco ਸੀ। ਇਸ ਤੋਂ ਬਾਅਦ ਇਹ ਸਿਲਸਿਲਾ ਅੱਜ ਤੱਕ ਜਾਰੀ ਹੈ। ਉਹਨਾਂ ਨੇ ਕੌਮਾਤਰੀ ਪੱਧਰ ਉਤੇ ਮਾਨਵ ਸ਼ਾਂਤੀ ਦੇ ਪ੍ਰਚਾਰ ਪ੍ਰਸਾਰ ਦਾ ਅਜਿਹਾ ਅਨੋਖਾ ਮਾਰਗ ਅਪਣਾਇਆ ਹੈ ਕਿ ਵਿਸ਼ਵ ਦਾ ਬੁੱਧੀ ਜੀਵੀ ਵਰਗ ਉਹਨਾਂ ਦਾ ਪ੍ਰਸ਼ੰਸਕ ਬਣ ਗਿਆ ਹੈ। ਇਸ ਕਾਰਜ ਲਈ ਡਾ, ਗਿੱਲ ਨੇ ਵੱਖ ਵੱਖ ਦੇਸਾਂ ਵੱਲੋਂ ਆਯੋਜਿਤ ਵਿਚਾਰ ਚਰਚਾਵਾਂ ਵਿਚ ਸ਼ਮੂਲੀਅਤ ਕਰਕੇ ਆਪਣੇ ਵਿਚਾਰ ਸਾਂਝੇ ਕੀਤੇ ਹਨ। ਅਤੇ

>> ਮਾਨ ਸਨਮਾਨ ਪ੍ਰਾਪਤ ਕੀਤੇ ਹਨ। ਇਹਨਾਂ ਮਾਨ ਸਨਮਾਨਾਂ ਦੀ ਲੰਬੀ ਸੂਚੀ ਹੈ।

>> ਡਾ ਗਿਲ ਵੱਲੋ ਦੂਜਾ ਵੱਡਾ ਸਨਮਾਨ, Maryland Governor recognised in 2005 for community services

>> ਦੇ ਰੂਪ ਵਿਚ ਪ੍ਰਾਪਤ ਕੀਤਾ ਗਿਆ ਸੀ। ਜਿਵੇਂ ਜਿਵੇ ਸਮਾਂ ਬਦਲਦਾ ਰਿਹਾ, ਡਾ ਗਿੱਲ ਦਾ ਦਾਇਰਾ ਮੋਕਲਾ ਹੁੰਦਾ ਗਿਆ। ਉਹ ਵਿਸ਼ਵ ਪੱਧਰ ਦੀਆਂ ਗੋਸ਼ਟੀਆਂ, ਸੈਮੀਨਾਰਾਂ ਵਿਚ ਸ਼ਮੂਲੀਅਤ ਕਰਦੇ ਗਏ। ਆਪਣੇ ਵਿਸ਼ਾਲ ਤਜਰਬੇ ਅਤੇ ਗਿਆਨ ਦੇ ਜਖੀਰੇ ਨੂੰ ਜਨਤਕ ਕਰਦੇ ਗਏ। ਨੌਜਵਾਨ ਵਰਗ ਪ੍ਰਤੀ ਅਤੇ ਸਭਿਆਚਾਰਕ ਸਰਗਰਮੀਆਂ ਪ੍ਰਤੀ, ਉਹਨਾਂ ਦੀ ਪ੍ਰਤੀਬੱਧਤਾ ਹਮੇਸ਼ਾ ਬਣੀ ਰਹੀ ਹੈ। ਉਹਨਾਂ ਵੱਲੋਂ ਪ੍ਰਾਪਤ ਸਨਮਾਨਾਂ ਦੀ ਸੂਚੀ ਇਸੇ ਕਥਨ ਦੀ ਪੁਸ਼ਟੀ ਕਰਦੇ ਹਨ।

>> Sant baba Nidhan Singh cultural Society I recognized July 2006 for journalism I Governor Maryland recognized for health I services

>>

>> 1. Sikh cultural society in 2007 recognized for initiative of Kartarpur Corridor project

>> 5world united guru Nanak Foundation Washington DC best journalist award 2016

>> 6.Pakistan Sikh council 2017 in journalism

>> 7.Baltimore county Muslim council in health affairs 2017

>> 8.Diverse for community services by Baltimore county Democratic state central committee 2018

>> 9.outstanding services for community 2017 by national council of Asian Indian associations

>> 2. Prominent sikhs of USA 2019

>> 11 Ambassador for peace 2020

>> 12 better communicate 2023 by congressman David Trone

>> 13 life time achievement award 2021 Who,s who

>> 14 Best parent award 2023 by universal Peace Federation on international parents day

>> 15 Millanium award 2022

>> 16 Maryland comptroller IRS head recognized with citation 2025

>> 17 Peace award by Punjabi international committee 2022

>> 3. Peace award by Punjabi Korean community in South Korea

>> 19 comptroller Md interfaith services award 2025

>> 20 Best Business connection award 2025 by CEO Clubs network USA

>> 21 Peace award at China by Global Committee of CEO clubs

>> 4. 250 th legacy award of America On August 9th at Washington DC

>> ਇਹ ਗਲ ਤਾਂ ਆਪਣੇ ਆਪ ਵਿਚ ਹੀ ਸ਼ਪੱਸ਼ਟ ਹੈ ਕਿ ਮਾਨ ਸਨਮਾਨ ਦਾ ਸੰਬੰਧ ਜਰੂਰੀ ਨਹੀ ਕਿ ਕਿਸੇ ਕਿਸਮ ਦੇ ਵਿੱਤੀ ਲਾਭ ਨਾਲ ਜੁੜਿਆ ਹੋਵੇ। ਪ੍ਰੰਤੂ, ਮਾਨ ਸਨਮਾਨ ਕਿਸੇ ਮਨੁੱਖ ਦੀ ਕਾਰਗੁਜ਼ਾਰੀ ਦਾ ਜਨਤਕ ਹੁੰਗਾਰਾ ਜਰੂਰ ਹੁੰਦਾ ਹੈ। ਡਾ ਗਿੱਲ ਨੇ ਕੌਮਾਤਰੀ ਪੱਧਰ ਉਤੇ ਭਰਵੇਂ ਰੂਪ ਵਿਚ ਜਨਤਕ ਹੁੰਗਾਰਾ ਪ੍ਰਾਪਤ ਕੀਤਾ ਹੈ। ਆਪਣੇ ਜਰਨਲਿਜਮ ਦੇ ਸ਼ੌਕ ਦੀ ਪੂਰਤੀ ਲਈ ਉਹਨਾਂ ਵੱਲੋਂ ਰੋਜ਼ਾਨਾ ਪੰਜਾਬ ਅਤੇ ਗਗਨ ਦਮਾਮਾ ਵਰਗੇ ਪਰਚੇ ਕੱਢੇ ਜਾ ਰਹੇ ਹਨ। ਉਹਨਾਂ ਵੱਲੋਂ ਰੋਜ਼ਾਨਾ ਪੰਜਾਬ ਨਾਂਮ ਦਾ ਚੈਨਲ ਵੀ ਚਲਾਇਆ ਜਾ ਰਿਹਾ ਹੈ। ਇਹ ਕਾਰਜ ਜਿੱਥੇ ਉਹਨਾਂ ਨੂੰ ਵਿਸ਼ਵ ਪੱਧਰ ਦੀਆਂ ਚਰਚਿਤ ਘਟਨਾਵਾਂ ਨਾਲ ਜੋੜ ਕੇ ਰੱਖਦਾ ਹੈ, ਉਥੇ ਮੋੜਵੇਂ ਰੂਪ ਵਿਚ ਉਹਨਾਂ ਦੀਆਂ ਆਪਣੀਆਂ ਗਤੀਵਿਧੀਆਂ ਦਾ ਨਿਰੰਤਰ ਪ੍ਰਸਾਰਣ ਕਰਨ ਵਿਚ ਸਹਿਯੋਗ ਦੇ ਰਹੇ ਹਨ। ਹਾਲੇ ਡਾ ਗਿੱਲ ਕੋਲੋਂ ਹੋਰ ਵਡੇਰੀਆਂ ਪ੍ਰਾਪਤੀਆਂ ਦੀ ਉਮੀਦ ਹੈ। ਅਕਾਲ ਪੁਰਖ ਪੰਜਾਬ ਦੇ ਇਸ ਅਨਮੋਲ ਰਤਨ ਨੂੰ ਸਦਾ ਸਲਾਮਤ ਰੱਖੇ।

>> ਸ਼ੁਭ ਕਾਮਨਾਵਾ ਸਹਿਤ